**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 22-02-2025**

- ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ ਕਿਹਾ -ਨਵੀਂ ਰਾਸ਼ਟਰੀ ਸਿੱਖਿਆ ਨੀਤੀ, ਭਾਰਤ ਨੂੰ ਵਿਸ਼ਵ ਪੱਧਰ 'ਤੇ ਲੈ ਜਾਵੇਗੀ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ, ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ, ਪੰਜਾਬ ਦੇ ਲੋਕਾਂ ਨੂੰ ਮਨੁੱਖੀ ਤਸਕਰੀ ਦਾ ਹਿੱਸਾ ਨਾ ਬਣਨ ਦਾ ਸੱਦਾ ਦਿੱਤਾ ਏ।
- ਐਥਲੈਟਿਕਸ ਵਿੱਚ ਏਸ਼ੀਅਨ ਖੇਡਾਂ ਦੇ ਕਾਂਸੀ ਤਗ਼ਮਾ ਜੇਤੂ ਗੁਲਵੀਰ ਸਿੰਘ ਨੇ ਮਰਦਾਂ ਦੀ 5000 ਮੀਟਰ ਇਨਡੋਰ

ਦੌੜ 13 ਮਿੰਟ ਤੋਂ ਵੀ ਘੱਟ ਸਮੇਂ ਵਿੱਚ ਪੂਰੀ ਕਰਕੇ ਇਤਿਹਾਸ ਰਚਿਆ-ਵਿਸ਼ਵ ਚੈਂਪੀਅਨਸ਼ਿਪ 2025 ਲਈ ਵੀ ਕੁਆਲੀਫਾਈ ਕੀਤਾ।

---------------------------------------------------------------

ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ ਕਿਹਾ ਏ ਕਿ ਭਾਰਤ ਨੂੰ ਵਿਸ਼ਵ ਪੱਧਰ 'ਤੇ ਲਿਜਾਣ ਲਈ ,ਨਵੀਂ ਰਾਸ਼ਟਰੀ ਸਿੱਖਿਆ ਨੀਤੀ ਬਣਾਈ ਗਈ ਏ। ਅੱਜ ਨਵੀਂ ਦਿੱਲੀ ਵਿੱਚ ਦਿੱਲੀ ਯੂਨੀਵਰਸਿਟੀ ਦੀ 101ਵੀਂ ਕਨਵੋਕੇਸ਼ਨ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਪ੍ਰਧਾਨ ਨੇ ਜ਼ੋਰ ਦੇ ਕੇ ਕਿਹਾ ਕਿ ਦੇਸ਼ ਭਰ ਵਿੱਚ, ਰਾਸ਼ਟਰੀ ਸਿੱਖਿਆ ਨੀਤੀ 2020 ਨੂੰ ਲਾਗੂ ਕਰਕੇ, ਸਾਲ 2047 ਤੱਕ ਭਾਰਤ ਨੂੰ ਇੱਕ ਵਿਕਸਿਤ ਰਾਸ਼ਟਰ ਬਣਾਇਆ ਜਾ ਸਕਦਾ ਏ। ਸਿੱਖਿਆ ਮੰਤਰੀ ਨੇ ਕਿਹਾ ਕਿ ਦੇਸ਼ ਦੀ 60 ਫੀਸਦੀ ਤੋਂ ਵੱਧ ਆਬਾਦੀ ਨੌਜਵਾਨ ਨੇ ਅਤੇ ਇਨ੍ਹਾਂ ਵਿੱਚੋਂ ਜ਼ਿਆਦਾਤਰ ਨੌਜਵਾਨ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਸਿੱਖਿਆ ਪ੍ਰਾਪਤ ਕਰ ਰਹੇ ਨੇ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ, ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 119ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ ਵੈਬਸਾਈਟ ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਸਿਧ ਪ੍ਰਸਾਰਿਤ ਕੀਤਾ ਜਾਵੇਗਾ। ਆਕਾਸ਼ਵਾਣੀ,ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

-----------------------------------------------------------------

ਪੂਸਾ ਕ੍ਰਿਸ਼ੀ ਵਿਗਿਆਨ ਮੇਲਾ ਅੱਜ ਨਵੀਂ ਦਿੱਲੀ ਵਿੱਚ ਸ਼ੁਰੂ ਹੋਇਆ। ਇਸ ਤਿੰਨ ਦਿਨਾਂ ਮੇਲੇ ਦਾ ਵਿਸ਼ਾ 'ਉਨਤ ਖੇਤੀ ਵਿਕਸਿਤ ਭਾਰਤ'

ਰੱਖਿਆ ਗਿਆ ਏ । ਇਸ ਪ੍ਰੋਗਰਾਮ ਦਾ ਉਦਘਾਟਨ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕੀਤਾ । ਇਸ ਮੌਕੇ ਬੋਲਦਿਆਂ ਸ਼੍ਰੀ ਚੌਹਾਨ ਨੇ ਕਿਹਾ ਕਿ ਖੇਤੀਬਾੜੀ , ਭਾਰਤੀ ਅਰਥ-ਵਿਵਸਥਾ ਦੀ ਰੀੜ੍ਹ ਅਤੇ ਜੀਵਨ ਰੇਖਾ ਏ । ਉਨ੍ਹਾਂ ਕਿਹਾ ਕਿ ਕਿਸਾਨਾਂ ਅਤੇ ਖੇਤੀਬਾੜੀ  ਤੋਂ ਬਿਨਾਂ ਇੱਕ ਵਿਕਸਤ ਭਾਰਤ ਸੰਭਵ ਨਹੀਂ ਏ । ਉਨ੍ਹਾਂ ਕਿਹਾ ਕਿ ਸਰਕਾਰ 2047 ਤੱਕ ਭਾਰਤ ਨੂੰ ਇੱਕ ਵਿਕਸਿਤ ਰਾਸ਼ਟਰ ਬਣਾਉਣ ਲਈ ਖੇਤੀਬਾੜੀ  ਦੇ ਖੇਤਰ ਵਿੱਚ ਨਿਰੰਤਰ ਕੰਮ ਕਰ ਰਹੀ ਏ । ਮੇਲੇ ਦਾ ਮੁੱਖ ਆਕਰਸ਼ਣ ਭਾਰਤੀ  ਖੇਤੀਬਾੜੀ  ਖੋਜ ਸੰਸਥਾ ਦੁਆਰਾ ਵਿਕਸਤ ਅਤਿ-ਆਧੁਨਿਕ ਕਿਸਮਾਂ ਅਤੇ ਤਕਨੋਲੋਜੀਆਂ ਦਾ ਪ੍ਰਦਰਸ਼ਨ ਏ । ਸੈਲਾਨੀਆਂ ਨੂੰ ਭਾਰਤੀ  ਖੇਤੀਬਾੜੀ ਖੋਜ ਸੰਸਥਾਨ, ਕ੍ਰਿਸ਼ੀ ਵਿਗਿਆਨ ਕੇਂਦਰਾਂ, ਕਿਸਾਨ ਉਤਪਾਦਕ ਸੰਗਠਨਾਂ, ਉੱਦਮੀਆਂ ਅਤੇ ਸਟਾਰਟ-ਅੱਪਸ ਦੀਆਂ ਹੋਣਹਾਰ ਟੈਕਨੋਲੋਜੀਆਂ, ਉਤਪਾਦਾਂ ਅਤੇ ਸੇਵਾਵਾਂ ਨੂੰ ਪ੍ਰਦਰਸ਼ਿਤ ਕਰਨ ਵਾਲੀਆਂ ਪ੍ਰਦਰਸ਼ਨੀਆਂ ਦਾ ਪਤਾ ਲਗਾਉਣ ਦਾ ਮੌਕਾ ਵੀ ਮਿਲੇਗਾ ।

---------------------------------------------------------------

ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ, ਪੰਜਾਬ ਦੇ ਲੋਕਾਂ ਨੂੰ ਮਨੁੱਖੀ ਤਸਕਰੀ ਦਾ ਹਿੱਸਾ ਨਾ ਬਣਨ ਦਾ ਸੱਦਾ ਦਿੱਤਾ ਏ। ਉਨ੍ਹਾਂ ਕਿਹਾ ਕਿ ਇਹ ਸਹੀ ਤਰੀਕਾ ਨਹੀਂ ਏ ਜਿਸ ਦੀ ਪਾਲਣਾ ਕਰਦੇ ਹੋਏ ਲੋਕ ਆਪਣੇ ਹੀ ਬੱਚਿਆਂ ਨੂੰ ਵਿਦੇਸ਼ ਭੇਜਣ ਲਈ ਗੈਰ-ਕਾਨੂੰਨੀ ਢੰਗ ਨਾਲ ਚੱਲ ਰਹੇ ਨੇ।

**BYTE:**

'ਪੰਜਾਬਜ਼ ਦਾ ਆਲਮੀ ਪਰਵਾਸ : ਨੌਜਵਾਨਾਂ ਵਿਚ ਪਰਵਾਸ ਦਾ ਰੁਝਾਨ, ਕਾਰਨ ਅਤੇ ਇਸਦੇ ਪ੍ਰਭਾਵ ਵਿਸ਼ੇ 'ਤੇ ਐਨ.ਆਰ.ਆਈ ਸਭਾ, ਪੰਜਾਬ ਵੱਲੋਂ ਕਰਵਾਏ ਗਏ ਦੋ ਰੋਜ਼ਾ ਸੈਮੀਨਾਰ ਦੇ ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਧਾਲੀਵਾਲ ਨੇ ਕਿਹਾ ਕਿ ਸੂਬਾ ਸਰਕਾਰ, ਅਮਰੀਕਾ ਤੋਂ ਉਨ੍ਹਾਂ ਨੂੰ ਡਿਪੋਰਟ ਹੋ ਰਹੇ ਨੌਜਵਾਨਾਂ ਦੀ ਮਦਦ ਕਰੇਗੀ। ਉਨ੍ਹਾਂ ਸੁਚੇਤ ਕਰਦਿਆਂ ਕਿਹਾ ਕਿ ਜੋ ਵੀ ਗੈਰ-ਕਾਨੂੰਨੀ ਪਰਵਾਸ ਵਿੱਚ ਸ਼ਾਮਲ ਹੋਵੇਗਾ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ।

**BYTE:**

ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਧਾਰਮਿਕ ਜੱਥੇਬੰਦੀਆਂ, ਐਨ.ਜੀ.ਓਜ਼ ਅਤੇ ਮੋਹਤਬਰ ਲੋਕਾਂ ਨੂੰ ਪੰਜਾਬ ਦੇ ਨੌਜਵਾਨਾਂ ਦੀ ਸੰਭਾਲ ਲਈ ਅੱਗੇ ਆਉਣ ਦੀ ਅਪੀਲ ਕੀਤੀ।

**BYTE:**

ਐਨ.ਆਰ.ਆਈ ਸਭਾ ਦੀ ਪ੍ਰਧਾਨ ਪਰਵਿੰਦਰ ਕੌਰ ਨੇ ਸਾਰੇ ਮਹਿਮਾਨ ਬੁਲਾਰਿਆਂ ਦਾ ਸੁਆਗਤ ਕਰਦਿਆਂ ਕਿਹਾ ਕਿ ਇਨ੍ਹਾਂ ਦੋ ਦਿਨਾਂ ਸੈਮੀਨਾਰ ਦੌਰਾਨ ਵੱਖ-ਵੱਖ ਖੇਤਰਾਂ ਦੇ ਉੱਘੇ ਮਾਹਿਰ. ਪੰਜਾਬ ਵਿੱਚੋਂ ਨੌਜਵਾਨਾਂ ਦੇ ਪਰਵਾਸ ਲਈ ਮੁੱਖ ਆਰਥਿਕ ਅਤੇ ਸਮਾਜਿਕ ਕਾਰਕਾਂ ਅਤੇ ਦੇਸ਼ ਨਿਕਾਲੇ ਕਾਰਨ ਆਈਆਂ ਨਵੀਆਂ ਚੁਣੌਤੀਆਂ ਤੋਂ ਇਲਾਵਾ, ਕੁਝ ਹੋਰ ਸਬੰਧਤ ਮੁੱਦਿਆਂ ’ਤੇ ਚਰਚਾ ਕਰਨਗੇ। ਇਹ ਸੈਮੀਨਾਰ ਕੱਲ੍ਹ ਸਮਾਪਤ ਹੋਵੇਗਾ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ 'ਪਰੀਕਸ਼ਾ ਪੇ ਚਰਚਾ' ਪਹਿਲ ਪੂਰੇ ਭਾਰਤ ਵਿੱਚ ਵਿਦਿਆਰਥੀਆਂ ਦੇ ਜੀਵਨ ਨੂੰ ਬਦਲ ਰਹੀ ਏ ,ਕਿਉਂਕਿ

ਵਿਦਿਆਰਥੀ ਪ੍ਰੀਖਿਆ ਦੀ ਤਿਆਰੀ ਕਰਦੇ ਅਤੇ ਪ੍ਰੀਖਿਆ ਵਿੱਚ ਬੈਠਣ ਦੌਰਾਨ ਸ਼ਾਂਤ ਰਹਿਣ ਬਾਰੇ ਉਨ੍ਹਾਂ ਦੇ ਸੁਝਾਅ ਨੂੰ ਸਫਲਤਾ ਦੇ 'ਮੰਤਰ' ਵਜੋਂ ਲੈ ਰਹੇ ਨੇ , ਇਸ ਲਈ ਪ੍ਰੋਗਰਾਮ ਨੂੰ 'ਜਨ ਅੰਦੋਲਨ' ਦਾ ਨਾਮ ਦਿੱਤਾ ਜਾ ਰਿਹਾ ਏ । ਸ਼੍ਰੀ ਮੋਦੀ ਦੇ ਮਾਰਗ-ਦਰਸ਼ਨ ਨੇ ਉਨ੍ਹਾਂ ਨੂੰ ਮਾਨਸਿਕ ਵਿਕਾਸ ਅਤੇ ਸੰਪੂਰਨ ਸਿੱਖਿਆ ਨੂੰ ਉਤਸ਼ਾਹਿਤ ਕਰਦੇ ਹੋਏ, ਵਿਸ਼ਵਾਸ ਨਾਲ ਅਕਾਦਮਿਕ ਚੁਣੌਤੀਆਂ ਨਾਲ ਨਜਿੱਠਣ ਲਈ ਵਿਹਾਰਕ ਰਣਨੀਤੀਆਂ ਦੀ ਪੇਸ਼ਕਸ਼ ਕੀਤੀ ਏ । ਆਕਾਸ਼ਵਾਣੀ ਖਬਰਾਂ ਨੇ ਜਲੰਧਰ ਵਿੱਚ ਜਿਨ੍ਹਾਂ ਵਿਦਿਆਰਥੀਆਂ ਨਾਲ ਗੱਲ ਕੀਤੀ, ਉਨ੍ਹਾਂ ਵਿੱਚੋਂ ਕੁਝ ਵਿਦਿਆਰਥੀ 12ਵੀਂ ਤੋਂ ਇਲਾਵਾ 8ਵੀਂ ਅਤੇ 10ਵੀਂ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਪ੍ਰਧਾਨ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰ ਰਹੇ ਸਨ। ਇਹ ਉਹ ਵਿਦਿਆਰਥੀ ਨੇ ਜੋ ਹਾਲ ਹੀ ਵਿੱਚ ਕਰਵਾਏ ਗਏ, ਪਰੀਕਸ਼ਾ ਪੇ ਚਰਚਾ ਦੇ 8ਵੇਂ ਐਪੀਸੋਡ ਵਿੱਚ ਔਨਲਾਈਨ ਸ਼ਾਮਿਲ ਹੋਏ ਸਨ।

**BYTE:**

'ਪਰੀਕਸ਼ਾ ਪੇ ਚਰਚਾ' ਵਿਦਿਆਰਥੀਆਂ ਲਈ ਪ੍ਰੇਰਣਾ ਦਾ ਪ੍ਰਤੀਕ ਬਣ ਰਿਹਾ ਏ, ਜੋ ਉਨ੍ਹਾਂ ਨੂੰ ਸਕਾਰਾਤਮਕ ਮਾਨਸਿਕਤਾ ਨਾਲ ਅਕਾਦਮਿਕ ਅਤੇ ਜੀਵਨ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਵਿਸ਼ਵਾਸ ਨਾਲ ਸਸ਼ਕਤ ਬਣਾ ਰਿਹਾ ਏ।

-----------------------------------------------------

ਸ਼੍ਰੀਮਤੀ ਧਨਪ੍ਰੀਤ ਕੌਰ ਨੇ ਅੱਜ ਜਲੰਧਰ ਕਮਿਸ਼ਨਰੇਟ ਦੇ ਪੁਲਿਸ ਕਮਿਸ਼ਨਰ ਵਜੋਂ ਆਪਣਾ ਕਾਰਜਭਾਰ ਸੰਭਾਲ ਲਿਆ। ਜਲੰਧਰ ਵਿੱਚ ਪੁਲਿਸ ਕਮਿਸ਼ਨਰ ਦੇ ਅਹੁਦੇ 'ਤੇ ਜੁਆਇਨ ਕਰਨ ਵਾਲੇ ਉਹ ਪਹਿਲੇ ਮਹਿਲਾ ਅਧਿਕਾਰੀ ਨੇ। ਪੁਲਿਸ ਕਮਿਸ਼ਨਰ ਦਫ਼ਤਰ ਪਹੁੰਚਣ 'ਤੇ ਸੀਨੀਅਰ ਪੁਲਿਸ ਅਧਿਕਾਰੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਕਰਦਿਆਂ ਗਾਰਡ ਆਫ਼ ਆਨਰ ਦਿੱਤਾ ਗਿਆ। ਉਹ 2006 ਬੈਚ ਦੇ ਆਈ.ਪੀ.ਐਸ ਅਧਿਕਾਰੀ ਨੇ, ਉਹ ਇਸ ਤੋਂ ਪਹਿਲਾਂ ਲੁਧਿਆਣਾ ਰੇਂਜ ਦੇ ਇੰਸਪੈਕਟਰ ਜਨਰਲ ਪੁਲਿਸ ਸਨ। ਉਨ੍ਹਾਂ ਨੇ ਜਲੰਧਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਦੀ ਥਾਂ ਲਈ ਏ।

---

ਜਿਲਾ ਫਤਿਹਗੜ ਸਾਹਿਬ ਦੇ ਪਿੰਡ ਪਵਾਲਾ ਵਿਚ ਬੀਤੇ ਦਿਨੀਂ ਨਸ਼ਿਆਂ ਕਾਰਨ ਪੰਜ ਮੌਤਾਂ ਹੋ ਜਾਣ ਦੇ ਮੱਦੇਨਜ਼ਰ ਪਿੰਡ ਵਾਸੀਆਂ ਵਲੋਂ ਰੋਸ ਜ਼ਾਹਰ ਕਰਦਿਆਂ, ਸਰਹੰਦ ਚੰਡੀਗੜ੍ਹ ਸੜਕ ਚੁੰਨੀ ਵਿਖੇ ਜਾਮ ਲਾਇਆ ਗਿਆ। ਲੋਕ ਪਿੰਡ ਪਵਾਲਾ ਵਿੱਚ ਨਸ਼ਿਆਂ ਦੀ ਹੋ ਰਹੀ ਵਿਕਰੀ ਨੂੰ ਲੈ ਕੇ ਪੁਲਿਸ ਵਲੋਂ ਕਾਰਵਾਈ ਦੀ ਮੰਗ ਕਰ ਰਹੇ ਨੇ । ਇਸੇ ਦੌਰਾਨ ਐਸ.ਐਸ.ਪੀ ਸ਼ੁਭਮ ਅਗਰਵਾਲ ਨੇ ਕਿਹਾ ਕਿ ਇਸ ਮਾਮਲੇ ਵਿੱਚ ਪੁਲਿਸ ਵੱਲੋਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਏ ਅਤੇ ਬਾਕੀ ਜਿਨ੍ਹਾਂ ਵੀ ਵਿਅਕਤੀਆਂ ਦੇ ਨਾਮ ਸਾਹਮਣੇ ਆਉਣਗੇ, ਉਹਨਾਂ ਨੂੰ ਵੀ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ।

---

ਬਠਿੰਡਾ ਸ਼ਹਿਰੀ ਦੇ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਚੇਤਨਤਾ ਬਹੁਤ ਜ਼ਰੂਰੀ ਏ ਅਤੇ ਸਾਰਿਆਂ ਲਈ ਨਸ਼ਿਆ ਖਿਲਾਫ ਇਕੱਠੇ ਹੋ ਕੇ ਜਾਗਰੂਕਤਾ ਫੈਲਾਉਣਾ, ਸਮੇਂ ਦੀ ਮੁੱਖ ਲੋੜ ਏ। ਉਹ ਅੱਜ ਸੂਬਾ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ

ਗਈ ਮੁਹਿੰਮ ਤਹਿਤ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਪੁਲਿਸ ਲਾਈਨ ਵਿਖੇ ਕਰਵਾਈ ਗਈ ਮਿੰਨੀ ਮੈਰਾਥਨ ਅਤੇ ਬਾਸਕਿਟਬਾਲ ਮੁਕਾਬਲੇ ਮਗਰੋਂ ਬੋਲ ਰਹੇ ਸਨ । ਇਸ ਮੌਕੇ ਬਠਿੰਡਾ ਰੇਂਜ ਦੇ ਡੀ.ਆਈ.ਜੀ ਹਰਜੀਤ ਸਿੰਘ ਗਿੱਲ ਨੇ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਇਹ ਵੀ ਕਿਹਾ ਕਿ ਬਠਿੰਡਾ ਪੁਲਿਸ ਵੱਲੋਂ ਜਿਲੇ ਅੰਦਰ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਢੰਗ ਨਾਲ ਬਣਾਈਆਂ ਜਾਇਦਾਦਾਂ ਨੂੰ ਲਗਾਤਾਰ ਜਬਤ ਕੀਤਾ ਜਾ ਰਿਹਾ ਏ । ਉਹਨਾਂ ਜ਼ਿਲ੍ਹਾ ਵਾਸੀਆਂ ਨੂੰ ਆਸ-ਪਾਸ ਦੇ ਖੇਤਰ ਅੰਦਰ ਜੇਕਰ ਨਸ਼ੇ ਦਾ ਕਾਲਾ ਕਾਰੋਬਾਰ ਹੁੰਦਾ ਏ ਤਾਂ ਤੁਰੰਤ ਪੁਲਿਸ ਨੂੰ ਜਾਣਕਾਰੀ ਦੇਣ ਦੀ ਅਪੀਲ ਕੀਤੀ ਤਾਂ ਜੋ ਅਜਿਹਾ ਕਾਰੋਬਾਰ ਕਰਨ ਵਾਲਿਆਂ ਤੇ ਸਿਕੰਜਾ ਕਸਿਆ ਜਾ ਸਕੇ। ਇਸ ਦੌਰਾਨ ਬਠਿੰਡਾ ਪੁਲਿਸ ਵੱਲੋਂ ਇਹਨਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲਿਆਂ ਨੂੰ ਐਂਟੀ ਡਰੱਗ ਟੀ-ਸ਼ਰਟਾਂ ਵੀ ਵੰਡੀਆਂ ਗਈਆਂ।

---------------------------------------------------------------------

ਐਥਲੈਟਿਕਸ ਵਿੱਚ ਹਾਂਗਜ਼ੂ ਏਸ਼ੀਅਨ ਖੇਡਾਂ ਦੇ ਕਾਂਸੀ ਤਗ਼ਮਾ ਜੇਤੂ

ਗੁਲਵੀਰ ਸਿੰਘ ਨੇ ਮਰਦਾਂ  ਦੀ 5000 ਮੀਟਰ ਇਨਡੋਰ ਦੌੜ 13 ਮਿੰਟ ਤੋਂ ਵੀ ਘੱਟ ਸਮੇਂ ਵਿੱਚ ਪੂਰੀ ਕਰਕੇ ਇਤਿਹਾਸ ਰਚਿਆ । ਅਜਿਹਾ ਕਰਨ ਵਾਲੇ ਉਹ ਪਹਿਲੇ ਭਾਰਤੀ ਨੇ । ਗੁਲਵੀਰ ਨੇ ਬੋਸਟਨ ਵਿੱਚ ਬੀ.ਯੂ. ਟੈਰੀਅਰ ਡੀ.ਐਮ.ਆਰ ਚੈਲੇਂਜ ਵਿੱਚ 12 ਮਿੰਟ 59.77 ਸੈਕਿੰਡ ਵਿੱਚ ਜਿੱਤ ਹਾਸਲ ਕੀਤੀ। ਅਜਿਹਾ ਕਰਕੇ, ਉਨ੍ਹਾਂ ਨੇ ਨਾ ਸਿਰਫ ਭਾਰਤ ਲਈ, ਇੱਕ ਨਵਾਂ ਰਾਸ਼ਟਰੀ ਰਿਕਾਰਡ ਬਣਾਇਆ ਬਲਕਿ ਸਤੰਬਰ ਵਿੱਚ ਜਪਾਨ ਦੇ ਟੋਕੀਓ ਵਿੱਚ ਹੋਣ ਵਾਲੀ ਵਿਸ਼ਵ ਚੈਂਪੀਅਨਸ਼ਿਪ 2025 ਲਈ ਵੀ ਕੁਆਲੀਫਾਈ ਕਰ ਲਿਆ  ਏ । ਪਿਛਲੇ ਹਫ਼ਤੇ, ਗੁਲਵੀਰ ਨੇ ਮਰਦਾਂ  ਦੇ 3000 ਮੀਟਰ ਇਨਡੋਰ ਮੁਕਾਬਲੇ ਵਿੱਚ 16 ਸਾਲ ਪੁਰਾਣਾ ਰਿਕਾਰਡ ਤੋੜ ਕੇ ਇੱਕ ਨਵਾਂ ਰਾਸ਼ਟਰੀ ਰਿਕਾਰਡ ਬਣਾਇਆ ਸੀ।

---

**<u>ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ</u>**

- ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ ਕਿਹਾ -ਨਵੀਂ ਰਾਸ਼ਟਰੀ ਸਿੱਖਿਆ ਨੀਤੀ, ਭਾਰਤ ਨੂੰ ਵਿਸ਼ਵ ਪੱਧਰ 'ਤੇ ਲੈ ਜਾਵੇਗੀ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ, ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ, ਪੰਜਾਬ ਦੇ ਲੋਕਾਂ ਨੂੰ ਮਨੁੱਖੀ ਤਸਕਰੀ ਦਾ ਹਿੱਸਾ ਨਾ ਬਣਨ ਦਾ ਸੱਦਾ ਦਿੱਤਾ ਏ।
- ਐਥਲੈਟਿਕਸ ਵਿੱਚ ਏਸ਼ੀਅਨ ਖੇਡਾਂ ਦੇ ਕਾਂਸੀ ਤਗ਼ਮਾ ਜੇਤੂ ਗੁਲਵੀਰ ਸਿੰਘ ਨੇ ਮਰਦਾਂ  ਦੀ 5000 ਮੀਟਰ ਇਨਡੋਰ ਦੌੜ 13 ਮਿੰਟ ਤੋਂ ਵੀ ਘੱਟ ਸਮੇਂ ਵਿੱਚ ਪੂਰੀ ਕਰਕੇ ਇਤਿਹਾਸ ਰਚਿਆ-ਵਿਸ਼ਵ ਚੈਂਪੀਅਨਸ਼ਿਪ 2025 ਲਈ ਵੀ ਕੁਆਲੀਫਾਈ ਕੀਤਾ।